ਬਿਲਾਵਲੁ ਮਹਲਾ ੫ ॥ ਜੀਅ ਜੰਤ ਸੁਪ੍ਰਸੰਨ ਭਏ ਦੇਖਿ ਪ੍ਰਭ ਪਰਤਾਪ ॥ ਕਰਜੁ ਉਤਾਰਿਆ ਸਤਿਗੁਰੂ ਕਰਿ ਆਹਰੁ ਆਪ ॥੧॥ ਖਾਤ ਖਰਚਤ ਨਿਬਹਤ ਰਹੈ ਗੁਰ ਸਬਦੁ ਅਖੂਟ ॥ ਪੂਰਨ ਭਈ ਸਮਗਰੀ ਕਬਹੂ ਨਹੀ ਤੂਟ ॥ ੧॥ ਰਹਾਉ ॥ ਸਾਧਸੰਗਿ ਆਰਾਧਨਾ ਹਰਿ ਨਿਧਿ ਆਪਾਰ ॥ ਧਰਮ ਅਰਥ ਅਰੁ ਕਾਮ ਮੋਖ ਦੇਤੇ ਨਹੀ ਬਾਰ ॥੨॥ ਭਗਤ ਅਰਾਧਹਿ ਏਕ ਰੰਗਿ ਗੋਬਿੰਦ ਗੁਪਾਲ ॥ ਰਾਮ ਨਾਮ ਧਨੁ ਸੰਚਿਆ ਜਾ ਕਾ ਨਹੀ ਸੁਮਾਰੁ ॥ ੩॥ ਸਰਨਿ ਪਰੇ ਪ੍ਰਭ ਤੇਰੀਆ ਪ੍ਰਭ ਕੀ ਵਡਿਆਈ ॥ ਨਾਨਕ ਅੰਤੁ ਨ ਪਾਈਐ ਬੇਅੰਤ ਗੁਸਾਈ ॥੪॥੩੨॥੬੨॥ {ਪੰਨਾ 816}

ਪਦਅਰਥ:- ਜੀਅ ਜੰਤ—(ਉਹ) ਸਾਰੇ ਜੀਵ। ਸੁਪ੍ਰਸੰਨ—ਬਹੁਤ ਪ੍ਰਸੰਨ, ਨਿਹਾਲ। ਦੇਖਿ—ਵੇਖ ਕੇ। ਪਰਤਾਪ—ਵਡਿਆਈ। ਕਰਜੁ—ਵਿਕਾਰਾਂ ਦਾ ਭਾਰ। ਕਰਿ—ਕਰ ਕੇ। ਆਹਰੁ—ਉੱਦਮ।1।

ਖਾਤ—ਖਾਂਦਿਆਂ। ਖਰਚਤ—ਵੰਡਦਿਆਂ। ਨਿਬਹਤ ਰਹੈ—ਉਮਰ ਬੀਤਦੀ ਰਹਿੰਦੀ ਹੈ। ਅਖੂਟ—ਕਦੇ ਨਾਂਹ ਮੁੱਕਣ ਵਾਲੀ। ਸਮਗਰੀ—(ਕੋਈ ਸੁਆਦਲਾ ਭੋਜਨ ਜਿਵੇਂ ਕੜਾਹ ਪ੍ਰਸਾਦ ਆਦਿਕ ਤਿਆਰ ਕਰਨ ਲਈ ਲੋੜੀਂਦੀ) ਰਸਦ। ਪੂਰਨ ਭਈ—ਲੋੜ ਅਨੁਸਾਰ ਇਕੱਠੀ ਹੋ ਜਾਂਦੀ ਹੈ। ਤੂਟ—ਤੋਟ, ਘਾਟ।1। ਰਹਾਉ।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਨਿਧਿ—ਖ਼ਜ਼ਾਨਾ। ਆਪਾਰ—ਬੇਅੰਤ। ਅਰੁ—ਅਤੇ। ਬਾਰ—ਚਿਰ।2।

ਅਰਾਧਹਿ—ਸਿਮਰਦੇ ਹਨ। ਰੰਗਿ—ਪ੍ਰੇਮ ਵਿਚ। ਸੰਚਿਆ—ਇਕੱਠਾ ਕਰ ਲਿਆ। ਜਾ ਕਾ—ਜਿਸ (ਧਨ) ਦਾ। ਸੁਮਾਰੁ—ਸ਼ੁਮਾਰ, ਅੰਦਾਜ਼ਾ।3।

ਪ੍ਰਭ—ਹੇ ਪ੍ਰਭੂ! ਗੁਸਾਈ—ਧਰਤੀ ਦਾ ਖਸਮ।4।

ਅਰਥ:- ਹੇ ਭਾਈ! ਗੁਰੂ ਦਾ ਸ਼ਬਦ (ਆਤਮਕ ਜੀਵਨ ਦੇ ਪਲਰਨ ਵਾਸਤੇ ਇਕ ਐਸਾ ਭੋਜਨ ਹੈ ਜੋ) ਕਦੇ ਨਹੀਂ ਮੁੱਕਦਾ। (ਜਿਸ ਮਨੁੱਖ ਦੀ ਉਮਰ ਇਹ ਭੋਜਨ ਆਪ) ਵਰਤਦਿਆਂ (ਅਤੇ ਹੋਰਨਾਂ ਨੂੰ) ਵੰਡਦਿਆਂ ਗੁਜ਼ਰਦੀ ਹੈ, ਉਸ ਦੇ ਪਾਸ (ਇਸ) ਰਸਦ ਦੇ ਭੰਡਾਰ ਭਰੇ ਰਹਿੰਦੇ ਹਨ, (ਇਸ ਰਸਦ ਵਿਚ) ਕਦੇ ਭੀ ਤੋਟ ਨਹੀਂ ਆਉਂਦੀ।1। ਰਹਾਉ।

ਹੇ ਭਾਈ! ਗੁਰੂ ਨੇ ਆਪ ਉੱਦਮ ਕਰ ਕੇ (ਜਿਸ ਜਿਸ ਜੀਵ ਨੂੰ ਗੁਰ-ਸ਼ਬਦ ਦੀ ਦਾਤਿ ਦੇ ਕੇ ਉਹਨਾਂ ਦੇ ਸਿਰ ਉਤੇ ਪਿਛਲੇ ਜਨਮਾਂ ਦੇ ਕੀਤੇ ਹੋਏ) ਵਿਕਾਰਾਂ ਦਾ ਭਾਰ ਲਾਹ ਦਿੱਤਾ, ਉਹ ਸਾਰੇ ਜੀਵ ਪਰਮਾਤਮਾ ਦੀ ਪ੍ਰਤੱਖ ਵਡਿਆਈ ਵੇਖ ਕੇ ਨਿਹਾਲ ਹੋ ਜਾਂਦੇ ਹਨ।1।

(ਇਸੇ ਵਾਸਤੇ, ਹੇ ਭਾਈ!) ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹ ਇਕ ਐਸਾ ਖ਼ਜ਼ਾਨਾ ਹੈ ਜੋ ਕਦੇ ਨਹੀਂ ਮੁੱਕਦਾ। (ਦੁਨੀਆ ਵਿਚ) ਧਰਮ, ਅਰਥ, ਕਾਮ, ਮੋਖ (ਇਹ ਚਾਰ ਹੀ ਪ੍ਰਸਿੱਧ ਅਮੋਲਕ ਪਦਾਰਥ ਮੰਨੇ ਗਏ ਹਨ। ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਪਰਮਾਤਮਾ ਉਸ ਨੂੰ ਇਹ ਪਦਾਰਥ) ਦੇਂਦਿਆਂ ਚਿਰ ਨਹੀਂ ਲਾਂਦਾ।2।

ਹੇ ਭਾਈ! ਗੋਬਿੰਦ ਗੁਪਾਲ ਦੇ ਭਗਤ ਇਕ-ਰਸ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦਾ ਨਾਮ ਸਿਮਰਦੇ ਹਨ। ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਧਨ (ਇਤਨਾ) ਇਕੱਠਾ ਕਰਦੇ ਰਹਿੰਦੇ ਹਨ ਕਿ ਉਸ ਦਾ ਅੰਦਾਜ਼ਾ ਨਹੀਂ ਲੱਗ ਸਕਦਾ।3।

ਹੇ ਪ੍ਰਭੂ! (ਤੇਰੇ ਭਗਤ ਤੇਰੀ ਕਿਰਪਾ ਨਾਲ) ਤੇਰੀ ਸਰਨ ਪਏ ਰਹਿੰਦੇ ਹਨ। (ਹੇ ਭਾਈ! ਪ੍ਰਭੂ ਦੇ ਭਗਤ) ਪ੍ਰਭੂ ਦੀ ਸਿਫ਼ਤਿ-ਸਾਲਾਹ ਹੀ ਕਰਦੇ ਰਹਿੰਦੇ ਹਨ। ਹੇ ਨਾਨਕ! ਜਗਤ ਦੇ ਖਸਮ ਪ੍ਰਭੂ ਦੇ ਗੁਣ ਬੇਅੰਤ ਹਨ, ਉਹਨਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।4। 32। 62।